# ਘੱਟ ਆਮਦਨ ਵਾਲੇ ਲੋਕਾਂ ਦੀਆਂ ਲੜਕੀਆਂ ਦੇ ਵਿਆਹ ਲਈ 51000 ਰੁਪੈ ਸ਼ਗਨ ਸਕੀਮ ਪੰਜਾਬ ਸਰਕਾਰ ਵੱਲੋਂ ਕਰਨੀ ਸ਼ਲਾਘਾਯੋਗ ਉਪਰਾਲਾ - ਚੇਅਰਮੈਨ ਇਮਾਨੂੰਏਲ ਨਾਹਰ



ਨੌਸ਼ਹਿਰਾ ਮੱਝਾ ਸਿੰਘ, 27 ਜਨਵਰੀ (ਹਰਪ੍ਰੀਤ ਰਾਜੂ) ਪੰਜਾਬ ਰਾਜ ਘੱਟ ਗਿਣਤੀਆਂ ਕਮਿਸ਼ਨ ਦੇ ਚੇਅਰਮੈਨ ਪ੍ਰੋ. ਇਮਾਨੂੰਏਲ ਨਾਹਰ ਨੇ ਦੱਸਿਆ ਕਿ ਘੱਟ ਆਮਦਨ ਵਾਲੇ ਲੋਕਾਂ ਦੀਆਂ ਲੜਕੀਆਂ ਦੇ ਵਿਆਹ ਲਈ 21,000 ਰੁ. ਸ਼ਗਨ ਸਕੀਮ ਤਹਿਤ ਦਿੱਤੇ ਜਾਂਦੇ ਹਨ। ਇਹ ਰਕਮ ਅੱਜ ਦੇ ਹਾਲਾਤ ਮੁਤਾਬਿਕ ਬਹੁਤ ਘੱਟ ਹੈ ਕਿਉਂਕਿ ਲੋਕ ਡਾਊਨ ਹੋਣ ਕਾਰਨ ਗ਼ਰੀਬ ਲੋਕਾਂ ਦੀ ਆਮਦਨ 'ਤੇ ਬਹੁਤ ਮਾੜਾ ਪ੍ਰਭਾਵ ਪਿਆ ਹੈ। ਇਸ ਲਈ ਕਮਿਸ਼ਨ ਵੱਲੋਂ ਸਰਕਾਰ ਨੂੰ ਲਿਖਿਆ ਗਿਆ ਕਿ ਸ਼ਗਨ ਸਕੀਮ ਤਹਿਤ ਮਿਲਦੀ ਆਰਥਿਕ ਸਹਾਇਤਾ ਦੀ ਰਕਮ ਵਿੱਚ ਵਾਧਾ ਕਰਕੇ ਇਸ ਨੂੰ 51000 ਰੁਪੈ ਕੀਤਾ ਜਾਵੇ। ਪੰਜਾਬ ਸਰਕਾਰ ਨੇ ਵਿਚਾਰਨ ਉਪਰੰਤ ਸ਼ਗਨ ਸਕੀਮ ਤਹਿਤ ਮਿਲਦੀ ਆਰਥਿਕ ਸਹਾਇਤਾ ਦੀ ਰਾਸ਼ੀ 51000 ਰੁਪੈ ਕਰ ਦਿੱਤੀ ਹੈ। ਕਮਿਸ਼ਨ ਵੱਲੋਂ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਜਾਂਦਾ ਹੈ।

ਸੱਚ ਦੀ ਪਟਾਰੀ
www.sachdipattari.com